# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 19-02-2025**

- ਭਾਰਤ ਨੇ ਪਾਕਿਸਤਾਨ ਨੂੰ ਅੱਤਵਾਦ ਦਾ ਆਲਮੀ ਕੇਂਦਰ ਦਸਦਿਆਂ ਉਸਦੀ ਕਰੜੀ ਨਿਦਾਂ ਕੀਤੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 497 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਲਈ ਨਿਯੁਕਤੀ ਪੱਤਰ ਸੌਂਪੇ।
- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਕਿ ਭ੍ਰਿਸ਼ਟਾਚਾਰ ਦੇ ਦੋਸ਼ਾਂ ਤਹਿਤ 52 ਪੁਲਿਸ ਅਧਿਕਾਰੀਆਂ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਏ।
- ਪੰਜਾਬ ਪੁਲਿਸ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਰੈਕੇਟ ਦਾ ਪਰਦਾਫਾਸ਼ ਕਰਦਿਆਂ 10 ਕਿਲੋ ਹੈਰੋਇਨ ਸਮੇਤ ਇੱਕ ਮੁਲਜ਼ਮ ਨੂੰ ਕੀਤਾ ਕਾਬੂ ।
- ਪੰਜਾਬ ਕੈਬਿਨਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼

ਯੂਨੀਵਰਸਿਟੀ ਦੀ 17ਵੀਂ ਐਥਲੈਟਿਕਸ ਮੀਟ ਦਾ ਉਦਘਾਟਨ ਕੀਤਾ।

---------------------------------------------------------

ਭਾਰਤ ਨੇ ਪਾਕਿਸਤਾਨ ਨੂੰ ਅੱਤਵਾਦ ਦਾ ਆਲਮੀ ਕੇਂਦਰ ਦਸਦਿਆਂ ਉਸਦੀ ਕਰੜੀ ਨਿਦਾਂ ਕੀਤੀ ਏ। ਸੰਯੁਕਤ ਰਾਸ਼ਟਰ ਵਿੱਚ ਭਾਰਤ ਦੇ ਨੁਮਾਇੰਦੇ ਪਰਵਤ-ਨੇਨੀ ਹਰੀਸ਼ ਨੇ ਕਿਹਾ ਕਿ ਇਸਲਾਮਾਬਾਦ ਅੱਤਵਾਦ ਨਾਲ ਲੜਨ ਵਿੱਚ ਸਭ ਤੋਂ ਅੱਗੇ ਹੋਣ ਦਾ ਦਾਅਵਾ ਕਰਦਾ ਏ। ਕੱਲ੍ਹ ਸੰਯੁਕਤ ਰਾਸ਼ਟਰ ਸੁਰੱਖਿਆ ਪਰਿਸ਼ਦ ਵਿੱਚ ਬੋਲਦਿਆਂ ਉਨ੍ਹਾਂ ਕਿਹਾ ਕਿ ਪਾਕਿਸਤਾਨ, ਸੰਯੁਕਤ ਰਾਸ਼ਟਰ ਵਿੱਚ 20 ਤੋਂ ਵੱਧ ਸੂਚੀਬੱਧ ਅੱਤਵਾਦੀ ਸੰਗਠਨਾਂ ਨੂੰ ਪਨਾਹ ਦਿੰਦਾ ਏ ਅਤੇ ਸਰਹੱਦ ਪਾਰ ਅੱਤਵਾਦ ਨੂੰ ਵੀ ਸਮਰਥਨ ਦਿੰਦਾ ਏ। ਸ਼੍ਰੀ ਹਰੀਸ਼ ਨੇ ਕਿਹਾ ਕਿ ਭਾਰਤ, ਜੈਸ਼-ਏ-ਮੁਹੰਮਦ ਅਤੇ ਹਰਕਤ-ਉਲ-ਮੁਜਾਹਿਦੀਨ ਵਰਗੇ ਦਰਜਨਾਂ ਹੋਰ ਸਮੂਹਾਂ ਰਾਹੀਂ ਪਾਕਿਸਤਾਨ ਵਲੋਂ ਕੀਤੀਆਂ ਗਈਆਂ ਅੱਤਵਾਦੀ ਕਾਰਵਾਈਆਂ ਦਾ ਸ਼ਿਕਾਰ ਰਿਹਾ ਏ। ਕਸ਼ਮੀਰ 'ਤੇ ਪਾਕਿਸਤਾਨ ਦੇ ਉਪ ਪ੍ਰਧਾਨ ਮੰਤਰੀ ਇਸ਼ਾਕ ਡਾਰ ਦੀ ਟਿੱਪਣੀ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਇਹ ਪਾਕਿਸਤਾਨ ਹੀ ਏ , ਜਿਸ ਨੇ ਜੰਮੂ-ਕਸ਼ਮੀਰ ਦੇ ਕੁਝ ਹਿੱਸਿਆਂ' ਤੇ ਨਾਜਾਇਜ਼ ਕਬਜ਼ਾ ਕੀਤਾ ਹੋਇਆ ਏ। ਕਸ਼ਮੀਰ ਬਾਰੇ ਪਾਕਿਸਤਾਨ ਦੇ

ਮਾੜੇ ਪ੍ਰਚਾਰ ਦਾ ਜ਼ਿਕਰ ਕਰਦੇ ਹੋਏ ਸ਼੍ਰੀ ਹਰੀਸ਼ ਨੇ ਕਿਹਾ ਕਿ ਇਸ ਨਾਲ ਜ਼ਮੀਨੀ ਹਕੀਕਤ ਨੂੰ ਨਹੀਂ ਬਦਲ ਸਕਦੀ ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 497 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਲਈ ਨਿਯੁਕਤੀ ਪੱਤਰ ਸੌਂਪੇ । ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਸਕੂਲ ਸਿੱਖਿਆ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾਵਾਂ, ਪੇਂਡੂ ਵਿਕਾਸ ਅਤੇ ਸਾਇੰਸ, ਤਕਨਾਲੋਜੀ ਅਤੇ ਵਾਤਾਵਰਨ ਵਿਭਾਗ ਵਿੱਚ ਭਰਤੀ ਹੋਏ ਨੌਜਵਾਨਾਂ ਨੂੰ ਇਹ ਨਿਯੁਕਤੀ ਪੱਤਰ ਚੰਡੀਗੜ੍ਹ ਵਿਚ ਇਕ ਵਿਸ਼ੇਸ਼ ਸਮਾਗਮ ਵਿਚ ਸੌਂਪੇ ਗਏ । ਆਪਣੇ ਸੰਬੋਧਨ ਮੁੱਖ ਮੰਤਰੀ ਨੇ ਕਿਹਾ ਕਿ ਇਹ ਯਾਦਗਾਰੀ ਮੌਕਾ ਏ , ਜਦੋਂ ਇਹ ਨੌਜਵਾਨ ਪੰਜਾਬ ਸਰਕਾਰ ਦੇ ਪਰਿਵਾਰ ਦਾ ਹਿੱਸਾ ਬਣ ਰਹੇ ਨੇ । ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਨੌਜਵਾਨ ਇਨ੍ਹਾਂ ਸਬੰਧਤ ਵਿਭਾਗਾਂ ਵਿੱਚ ਸ਼ਾਮਲ ਹੋ ਕੇ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਸਰਗਰਮ ਭਾਈਵਾਲ ਬਣਨਗੇ। ਉਨਾਂ ਕਿਹਾ ਕਿ ਇਹ ਪਹਿਲੀ ਵਾਰ ਕਿਸੇ ਵੀ ਸਰਕਾਰ ਨੇ ਸੱਤਾ ਵਿੱਚ ਆਉਣ ਦੇ 35 ਮਹੀਨਿਆਂ ਵਿੱਚ ਨੌਜਵਾਨਾਂ ਨੂੰ ਰਿਕਾਰਡ, 50 ਹਜ਼ਾਰ 892 ਨੌਕਰੀਆਂ ਦਿੱਤੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਨੌਜਵਾਨਾਂ ਨੂੰ ਬਿਹਤਰ ਭਵਿੱਖ ਦੀ

ਭਾਲ ਵਿੱਚ ਵਿਦੇਸ਼ ਜਾਣ ਦੀ ਬਜਾਏ ਇੱਥੇ ਹੀ ਸਖ਼ਤ ਮਿਹਨਤ ਕਰਕੇ ਵੱਖ-ਵੱਖ ਖੇਤਰਾਂ ਵਿੱਚ ਸਫਲਤਾ ਪ੍ਰਾਪਤ ਕਰਨੀ ਚਾਹੀਦੀ ਏ । ਉਨ੍ਹਾਂ ਕਿਹਾ ਕਿ ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਲੋਕਾਂ ਦੀ ਵੱਧ ਤੋਂ ਵੱਧ ਭਲਾਈ ਯਕੀਨੀ ਬਣਾਉਣੀ ਚਾਹੀਦੀ ਏ ਤਾਂ ਜੋ ਸਮਾਜ ਦੇ ਹਰ ਵਰਗ ਨੂੰ ਇਸ ਦਾ ਲਾਭ ਮਿਲ ਸਕੇ।

---------------------------------------------------------

ਪਿਛਲੇ 10 ਦਿਨਾਂ ਵਿੱਚ ਅਮਰੀਕਾ ਤੋਂ ਡਿਪੋਰਟ ਕੀਤੇ ਗਏ ਗ਼ੈਰ-ਕਾਨੂੰਨੀ ਭਾਰਤੀ ਪ੍ਰਵਾਸੀ ਬਹੁਤ ਨਿਰਾਸ਼ ਨੇ । ਉਨ੍ਹਾਂ ਵਿੱਚੋਂ ਕੁਝ ਬੇਈਮਾਨ ਟ੍ਰੈਵਲ ਏਜੰਟਾਂ ਦਾ ਸ਼ਿਕਾਰ ਹੋਏ, ਜਿਨ੍ਹਾਂ ਨੇ ਪਹਿਲਾਂ ਉਨ੍ਹਾਂ ਨੂੰ ਝੂਠੇ ਸੁਪਨੇ ਵਿਖਾਕੇ ਠੱਗਿਆ ਅਤੇ ਫਿਰ ਗੈਰ ਕਾਨੂੰਨੀ ਢੰਗ ਨਾਲ ਵਿਦੇਸ਼ ਭੇਜ ਦਿੱਤਾ। ਇਨ੍ਹਾਂ ਵਿੱਚੋਂ ਜ਼ਿਆਦਾਤਰ ਛੋਟੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਰਹਿੰਦੇ ਮੱਧ ਵਰਗ ਦੇ ਪਰਿਵਾਰਾਂ ਨਾਲ ਸਬੰਧਤ ਨੇ ਜਿੱਥੇ ਰੁਜ਼ਗਾਰ ਦੇ ਮੌਕੇ ਘੱਟ ਹਨ। ਅੰਮ੍ਰਿਤਸਰ ਪਹੁੰਚਣ ਵਾਲੀ ਆਖਰੀ ਉਡਾਣ ਵਿੱਚ 23 ਔਰਤਾਂ ਅਤੇ 14 ਬੱਚੇ ਸ਼ਾਮਿਲ ਸਨ । BYTE ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਏ ਕਿ ਉਹ ਗਲਤ ਤਰੀਕਿਆਂ ਨਾਲ ਵਿਦੇਸ਼

ਜਾਣ ਦਾ ਵਿਚਾਰ ਛੱਡ ਦੇਣ ਅਤੇ ਆਪਣੇ ਸੂਬੇ ਨੂੰ ਦੇਸ਼ ਵਿੱਚ ਮੋਹਰੀ ਬਣਾਉਣ ਲਈ ਸਖ਼ਤ ਮਿਹਨਤ ਕਰਨ।

------------------------------------------------------------

ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ  ਕਿ ਸਰਕਾਰ ਨੇ ਪੇਂਡੂ ਨਾਗਰਿਕਾਂ ਦੇ ਜੀਵਨ ਨੂੰ ਵਧੇਰੇ ਸੁਖਾਲਾ ਬਣਾਉਣ ਲਈ ਕਈ ਕ੍ਰਾਂਤੀਕਾਰੀ ਯੋਜਨਾਵਾਂ ਸ਼ੁਰੂ ਕੀਤੀਆਂ ਨੇ। ਉਨ੍ਹਾਂ ਕਿਹਾ ਕਿ ਇਨ੍ਹਾਂ ਯੋਜਨਾਵਾਂ ਨੇ ਦੇਸ਼ ਦੀ ਅਰਥ-ਵਿਵਸਥਾ ਨੂੰ ਇੱਕ ਨਵੀਂ ਗਤੀ ਦਿੱਤੀ ਏ। ਨਵੀਂ ਦਿੱਲੀ ਵਿੱਚ ਇੱਕ ਅਫਰੀਕੀ -ਏਸ਼ੀਆਈ ਦਿਹਾਤੀ ਵਿਕਾਸ ਸੰਗਠਨ ਦੇ ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ, ਮੰਤਰੀ ਨੇ ਕਿਹਾ ਕਿ ਭਾਰਤ ਸੰਗਠਨ ਦੇ ਸਮਰਥਨ ਨਾਲ ਪੇਂਡੂ ਭਾਈਚਾਰੇ ਨੂੰ ਸਸ਼ਕਤ ਬਣਾਏਗਾ। ਇਸ ਦੌਰਾਨ, ਉਨਾਂ ਨੇ ਮਹਾਤਮਾ ਗਾਂਧੀ ਰਾਸ਼ਟਰੀ ਗ੍ਰਾਮੀਣ ਰੋਜ਼ਗਾਰ ਗਰੰਟੀ ਐਕਟ, ਪ੍ਰਧਾਨ ਮੰਤਰੀ ਗ੍ਰਾਮ ਸੜਕ  ਯੋਜਨਾ, ਏਕ ਪੇੜ ਮਾਂ ਕੇ ਨਾਮ ਅਭਿਆਨ ਅਤੇ ਲਖਪਤੀ ਦੀਦੀ ਵਰਗੀਆਂ ਯੋਜਨਾਵਾਂ 'ਤੇ ਜ਼ੋਰ ਦਿੱਤਾ।

------------------------------------------------------------

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਕਿ ਭ੍ਰਿਸ਼ਟਾਚਾਰ ਦੇ ਦੋਸ਼ਾਂ ਤਹਿਤ 52 ਪੁਲਿਸ ਅਧਿਕਾਰੀਆਂ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ

ਗਿਆ ਏ। ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੁਲਿਸ ਮੁਖੀ ਨੇ ਕਿਹਾ ਕਿ ਬਰਖਾਸਤ ਪੁਲਿਸ ਮੁਲਾਜ਼ਮਾਂ ਵਿੱਚ ਕਾਂਸਟੇਬਲ ਤੋਂ ਲੈ ਕੇ ਇੰਸਪੈਕਟਰ ਤੱਕ ਸ਼ਾਮਲ ਨੇ। ਬੀਤੇ 10 ਦਿਨਾਂ ਵਿੱਚ ਸੂਬਾ ਵਿਆਪੀ ਅਭਿਆਸ ਵਿੱਚ ਜ਼ਿਲ੍ਹੇ ਦੇ ਐਸ.ਐਸ.ਪੀਜ਼ ਵੱਲੋਂ ਬਰਖ਼ਾਸਤੀਆਂ ਦੀ ਸਿਫ਼ਾਰਸ਼ ਕੀਤੀ ਗਈ ਸੀ। ਪੁਲਿਸ ਵਿਭਾਗ ਵਿੱਚ ਭ੍ਰਿਸ਼ਟਾਚਾਰ ਅਤੇ ਸ਼ਕਤੀ ਦੀ ਦੁਰਵਰਤੋਂ ਨੂੰ ਰੋਕਣ ਲਈ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ ਏ ।

-----------------------------------------------------

ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਇੱਕ ਨਸ਼ਾ ਤਸਕਰ ਨੂੰ 10 ਕਿੱਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਚਲ ਰਹੇ ਨਸ਼ਾ ਤਸਕਰੀ ਰੈਕੇਟ ਦਾ ਪਰਦਾਫਾਸ਼ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਹਰਮਨਦੀਪ ਸਿੰਘ ਵਜੋਂ ਹੋਈ ਏ ਜੋ ਅੰਮ੍ਰਿਤਸਰ ਦੇ ਪਿੰਡ ਘੁੰਮਣਪੁਰਾ ਦਾ ਰਹਿਣ ਵਾਲਾ ਏ। ਇਸ ਮੁਲਜ਼ਮ ਤੋਂ ਹੈਰੋਇਨ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਸਦਾ ਮੋਟਰ-ਸਾਈਕਲ ਵੀ ਜ਼ਬਤ ਕੀਤਾ ਏ। ਇਸ ਬਾਰੇ ਸੰਬਧਤ ਮਾਮਲੇ ਦੀ ਜਾਂਚ ਕਰ ਰਹੇ ਪੁਲਿਸ ਅਧਿਕਾਰੀ

ਨੇ ਦਸਿਆ। BYTE: ਪੁਲਿਸ ਮੁਖੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਲਗਾਤਾਰ ਪਾਕਿਸਤਾਨ ਸਥਿਤ ਤਸਕਰ ਚਾਚਾ ਬਾਵਾ, ਜਿਸਨੇ ਸੂਬੇ ਵਿੱਚ ਹੋਰ ਥਾਈਂ ਸਪਲਾਈ ਕਰਨ ਲਈ ਅਟਾਰੀ ਖੇਤਰ ਵਿੱਚ ਡਰੋਨ ਰਾਹੀਂ ਹੈਰੋਇਨ ਦੀ ਖੇਪ ਭੇਜੀ ਸੀ, ਦੇ ਸਿੱਧੇ ਸੰਪਰਕ ਵਿੱਚ ਸੀ।

---------------------------------------------------------------

ਫ਼ੌਜ ਦੀ ਪੱਛਮੀ ਕਮਾਂਡ ਨੇ ਰਣਨੀਤਕ ਮਾਮਲਿਆਂ ਦੇ ਮੋਹਰੀ ਥਿੰਕ ਟੈਂਕ " ਸਿਨਰਜੀਆ ਫਾਊਂਡੇਸ਼ਨ" ਦੇ ਸਹਿਯੋਗ ਨਾਲ, "ਭਾਰਤ-ਪਾਕਿਸਤਾਨ ਸਬੰਧਾਂ ਵਿੱਚ ਆਲਮੀ ਅਤੇ ਖੇਤਰੀ ਸ਼ਕਤੀਆਂ ਦੀ ਭੂਮਿਕਾ: ਰਣਨੀਤਕ ਦ੍ਰਿਸ਼ਟੀਕੋਣ ਅਤੇ ਭੂ-ਰਾਜਨੀਤਿਕ ਪ੍ਰਭਾਵ" ਵਿਸ਼ੇ 'ਤੇ ਇੱਕ ਗੋਸ਼ਟੀ ਦਾ ਆਯੋਜਨ ਕੀਤਾ। ਚੰਡੀਮੰਦਰ ਫੌਜੀ ਛਾਉਣੀ ਵਿਖੇ ਹੋਈ ਇਸ ਗੋਸ਼ਟੀ ਦੌਰਾਨ ਉਪ-ਮਹਾਂਦੀਪੀ ਸਬੰਧਾਂ ਵਿੱਚ ਅੰਤਰ-ਰਾਸ਼ਟਰੀ ਸ਼ਮੂਲੀਅਤ ਦੀ ਗਤੀਸ਼ੀਲਤਾ ਅਤੇ ਪ੍ਰਭਾਵਾਂ 'ਤੇ ਚਰਚਾ ਕੀਤੀ ਗਈ । ਇਸ ਸਮਾਗਮ ਨੇ ਦੁਨੀਆ ਭਰ ਦੇ ਸਾਬਕਾ ਡਿਪਲੋਮੈਟ, ਵਿਦਵਾਨ, ਸੀਨੀਅਰ ਤਜਰਬੇਕਾਰ ਅਧਿਕਾਰੀ ਅਤੇ ਨੀਤੀ ਘਾੜਿਆਂ ਸਮੇਤ ਮਾਹਿਰਾਂ ਦੇ ਇੱਕ ਵਿਸ਼ੇਸ਼ ਪੈਨਲ ਨੂੰ ਇੱਕ ਸਾਂਝੇ ਮੰਚ ਤੇ ਲਿਆਂਦਾ। ਸਿਨਰਜੀਆ ਫਾਊਂਡੇਸ਼ਨ ਦੇ ਸੰਸਥਾਪਕ ਅਤੇ ਪ੍ਰਧਾਨ ਟੌਬੀ ਸਾਈਮਨ ਨੇ

ਉਦਘਾਟਨੀ  ਭਾਸ਼ਣ ਦਿੱਤਾ। ਪੱਛਮੀ ਸਰਹੱਦਾਂ ਨਾਲ ਲੱਗਦੇ 63 ਤੋਂ ਵੱਧ ਫੌਜੀ ਸਟੇਸ਼ਨਾਂ ਦੇ ਅਧਿਕਾਰੀ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਅੰਤਰ-ਰਾਸ਼ਟਰੀ ਸਬੰਧਾਂ ਦੇ ਵਿਦਿਆਰਥੀਆਂ ਨੇ ਵੀ ਸ਼ਿਰਕਤ ਕੀਤੀ। ਪੱਛਮੀ ਕਮਾਂਡ ਦੇ ਸੈਨਾ ਕਮਾਂਡਰ ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ ਨੇ ਇੱਕ ਰਾਸ਼ਟਰ ਵਜੋਂ ਰਣਨੀਤਕ ਖੁਦਮੁਖਤਿਆਰੀ ਨੂੰ ਬਣਾਈ ਰੱਖਣ ਲਈ ਸਮਰੱਥਾਵਾਂ ਨੂੰ ਵਿਕਸਤ ਕਰਨ ਦੀ ਜ਼ਰੂਰਤ 'ਤੇ ਧਿਆਨ ਕੇਂਦਰਿਤ ਕੀਤਾ। ਉਨ੍ਹਾਂ ਨੇ ਖੇਤਰੀ ਟਕਰਾਵਾਂ ਅਤੇ ਵਿਸ਼ਵ-ਵਿਆਪੀ ਰਾਜਨੀਤੀ ਵਿਚਕਾਰ ਗੰਭੀਰ ਆਪਸੀ ਤਾਲਮੇਲ ਦੀ ਡੂੰਘੀ ਸਮਝ ਨੂੰ ਉਤਸ਼ਾਹਿਤ ਕਰਨ ਵਿੱਚ, ਇਸ ਗੋਸ਼ਟੀ ਨੂੰ ਸਫਲ ਬਣਾਉਣ ਲਈ  ਮਾਹਰਾਂ ਦਾ ਧੰਨਵਾਦ ਕੀਤਾ।

---------------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ  ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਦੀ 17ਵੀਂ ਐਥਲੈਟਿਕਸ ਮੀਟ ਦਾ ਉਦਘਾਟਨ ਕੀਤਾ। ਕੈਬਨਿਟ ਮੰਤਰੀ ਨੇ ਜ਼ਿਕਰ ਕੀਤਾ ਕਿ ਕਿ ਸਾਲਾਨਾ ਖੇਡਾਂ ਵਤਨ ਪੰਜਾਬ ਦੀਆਂ ਪਹਿਲਕਦਮੀ ਰਾਹੀਂ ਜ਼ਮੀਨੀ ਪੱਧਰ 'ਤੇ ਖੇਡ

ਸੱਭਿਆਚਾਰ ਨੂੰ ਮਜ਼ਬੂਤ ਕਰਨ ਲਈ ਸੂਬਾ ਸਰਕਾਰ ਦੇ ਸਰਗਰਮ ਯਤਨਾਂ ਕਾਰਨ ਪੰਜਾਬ ਦੇਸ਼ ਵਿੱਚ ਇੱਕ ਖੇਡ ਕੇਂਦਰ ਵਜੋਂ ਉੱਭਰ ਰਿਹਾ ਏ । ਉਨ੍ਹਾਂ ਕਿਹਾ ਕਿ  ਇਹ ਖੇਡਾਂ ਨੌਜਵਾਨਾਂ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਦਾ ਉਦੇਸ਼ ਰੱਖਦੀਆਂ ਹਨ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਇਹ ਖੇਡਾਂ ਸੂਬੇ ਵਿੱਚ ਖੇਡਾਂ ਦੀ ਸ਼ਾਨ ਨੂੰ ਬਹਾਲ ਕਰਨ ਵਿੱਚ ਯੋਗਦਾਨ ਪਾਉਣਗੀਆਂ ਅਤੇ ਨੌਜਵਾਨ ਖਿਡਾਰੀਆਂ ਨੂੰ ਉੱਤਮਤਾ ਪ੍ਰਾਪਤ ਕਰਨ ਦੇ ਮੌਕੇ ਪ੍ਰਦਾਨ ਕਰਨਗੀਆਂ।  ਕੈਬਨਿਟ ਮੰਤਰੀ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਸੂਬਾ ਸਰਕਾਰ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਕਾਰਾਤਮਕ ਢੰਗ ਨਾਲ ਵਰਤਣ ਲਈ, ਪੰਜਾਬ ਭਰ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਏ । ਉਨਾਂ ਕਿਹਾ  ਕਿ ਖੇਡਾਂ ਵਿਦਿਆਰਥੀਆਂ ਦੀ ਸਿਹਤ ਅਤੇ ਆਤਮ-ਵਿਸ਼ਵਾਸ ਨੂੰ ਬਿਹਤਰ ਬਣਾਉਂਦੀਆਂ ਹਨ। ਮੰਤਰੀ ਨੇ ਆਪਣੇ ਅਖਤਿਆਰੀ ਫੰਡਾਂ ਵਿੱਚੋਂ ਇੱਕ ਲੱਖ ਰੁਪਏ ਦੀ ਗ੍ਰਾਂਟ ਦਾ ਵੀ ਐਲਾਨ ਕੀਤਾ।  ਵਾਈਸ-ਚਾਂਸਲਰ ਜਤਿੰਦਰ ਪਾਲ ਸਿੰਘ ਗਿੱਲ ਨੇ ਦੱਸਿਆ ਕਿ ਯੂਨੀਵਰਸਿਟੀ ਹਮੇਸ਼ਾ ਆਪਣੇ ਵਿਦਿਆਰਥੀਆਂ ਵਿੱਚ ਖੇਡਾਂ ਦੀ ਭਾਵਨਾ ਨੂੰ ਉਤਸ਼ਾਹਿਤ ਕਰਦੀ ਏ  ਤਾਂ ਜੋ ਉਨ੍ਹਾਂ ਦੀ ਸਿਹਤਯਾਬੀ ਅਤੇ ਮਨੋਬਲ ਨੂੰ ਬਰਕਰਾਰ ਰੱਖਿਆ ਜਾ ਸਕੇ।

----------------------------------------------------------

## ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਭਾਰਤ ਨੇ ਪਾਕਿਸਤਾਨ ਨੂੰ ਅੱਤਵਾਦ ਦਾ ਆਲਮੀ ਕੇਂਦਰ ਦਸਦਿਆਂ ਉਸਦੀ ਕਰੜੀ ਨਿਦਾਂ ਕੀਤੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 497 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਲਈ ਨਿਯੁਕਤੀ ਪੱਤਰ ਸੌਂਪੇ।
- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਕਿ ਭ੍ਰਿਸ਼ਟਾਚਾਰ ਦੇ ਦੋਸ਼ਾਂ ਤਹਿਤ 52 ਪੁਲਿਸ ਅਧਿਕਾਰੀਆਂ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਏ।
- ਪੰਜਾਬ ਪੁਲਿਸ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਰੈਕੇਟ ਦਾ ਪਰਦਾਫਾਸ਼ ਕਰਦਿਆਂ 10 ਕਿਲੋ ਹੈਰੋਇਨ ਸਮੇਤ ਇੱਕ ਮੁਲਜ਼ਮ ਨੂੰ ਕੀਤਾ ਕਾਬੂ ।
- ਪੰਜਾਬ ਕੈਬਿਨਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਦੀ 17ਵੀਂ ਐਥਲੈਟਿਕਸ ਮੀਟ ਦਾ ਉਦਘਾਟਨ ਕੀਤਾ।

ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜ 30 'ਤੇ... ਨਮਸਕਾਰ !